# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 02-11-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ</u>**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ -ਕਿਹਾ ਇਸ ਲਈ ਮਰਦਾਂ ਅਤੇ ਔਰਤਾਂ ਦੀ ਬਰਾਬਰ ਭਾਗੀਦਾਰੀ ਜ਼ਰੂਰੀ ਏ ।
- ਭਾਰਤੀ ਪੁਲਾੜ ਖੋਜ ਸੰਗਠਨ ਨੇ ਅੱਜ ਸ਼ਾਮ ਦੇਸ਼ ਦੇ ਸਭ ਤੋਂ ਭਾਰੀ ਸੰਚਾਰ ਉਪਗ੍ਰਹਿ, CMS-03 ਨੂੰ ਸਫਲਤਾ ਪੂਰਵਕ ਛਡਿਆ I
- ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ ਸਵੇਰੇ ਅਖ਼ਬਾਰ ਲੈ ਕੇ ਜਾਣ ਵਾਲੇ ਵਾਹਨਾਂ ਦੀ ਪੁਲਿਸ ਵੱਲੋਂ ਸਖ਼ਤ ਜਾਂਚ ਕੀਤੇ ਜਾਣ ਦੀ ਵੱਖ-ਵੱਖ ਸਿਆਸੀ ਪਾਰਟੀਆਂ ਨੇ ਸਖ਼ਤ ਨਿੰਦਾ ਕੀਤੀ I
- ਭਾਰਤੀ ਹਵਾਈ ਫੌਜ ਦੇ ਸਾਰੇ ਸਟੇਸ਼ਨਾਂ 'ਤੇ ਸੇਖੋਂ ਭਾਰਤੀ ਹਵਾਈ ਫੌਜ ਮੈਰਾਥਨ 2025 ਦੇ ਪਹਿਲੇ  ਸੰਸਕਰਣ ਦਾ ਆਯੋਜਨ । ਅਤੇ

- ਭਾਰਤ ਅਤੇ ਆਸਟ੍ਰੇਲੀਆ ਵਿਚਕਾਰ ਪੰਜ ਮੈਚਾਂ ਦੀ twenty-twenty ਲੜੀ ਦੇ ਤੀਜੇ ਮੈਚ ਵਿੱਚ ਭਾਰਤ ਨੇ ਆਸਟ੍ਰੇਲੀਆ ਨੂੰ ਪੰਜ ਵਿਕਟਾਂ ਨਾਲ ਹਰਾਇਆ--ਔਰਤਾਂ ਦੇ ICC ਕ੍ਰਿਕੇਟ ਵਿਸ਼ਵ ਕੱਪ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਦੱਖਣੀ ਅਫਰੀਕਾ ਨਾਲ ਜਾਰੀ।

--------------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਇੱਕ ਵਿਕਸਤ ਦੇਸ਼ ਬਣਨ ਲਈ ਦੇਸ਼ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ ਏ। ਉਨ੍ਹਾਂ ਕਿਹਾ ਕਿ 2047 ਤੱਕ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਔਰਤਾਂ ਅਤੇ ਮਰਦਾਂ ਦੋਵਾਂ ਦੀ ਬਰਾਬਰ ਭਾਗੀਦਾਰੀ ਦੀ ਲੋੜ ਹੋਵੇਗੀ। ਅੱਜ ਹਰਿਦੁਆਰ ਵਿੱਚ ਪਤੰਜਲੀ ਯੂਨੀਵਰਸਿਟੀ ਦੇ ਦੂਜੇ ਕਨਵੋਕੇਸ਼ਨ ਸਮਾਰੋਹ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਨੇ ਕਿਹਾ ਕਿ 2047 ਤੱਕ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਸਮੂਹਿਕ ਯਤਨ ਜ਼ਰੂਰੀ ਨੇ। ਔਰਤਾਂ ਦੀ ਸਿੱਖਿਆ ਦੇ ਮਹੱਤਵ ਨੂੰ ਉਜਾਗਰ ਕਰਦਿਆਂ, ਰਾਸ਼ਟਰਪਤੀ ਨੇ ਕਿਹਾ ਕਿ ਸਿੱਖਿਅਤ ਧੀਆਂ ਰਾਸ਼ਟਰ ਦਾ ਮਾਣ ਵਧਾਉਣਗੀਆਂ। BYTE:

--------------------------------------------------------------------------------

ਭਾਰਤੀ ਪੁਲਾੜ ਖੋਜ ਸੰਗਠਨ (ISRO) ਨੇ ਅੱਜ ਸ਼ਾਮ 5 ਵਜ ਕੇ 26 ਮਿੰਟ ‘ਤੇ ਦੇਸ਼ ਦੇ ਸਭ ਤੋਂ ਭਾਰੀ ਸੰਚਾਰ ਉਪਗ੍ਰਹਿ, CMS-03 ਨੂੰ

ਸਫਲਤਾ ਪੂਰਵਕ ਛਡਿਆ । ਉਪਗ੍ਰਹਿ ਨੂੰ ਆਂਧਰਾ ਪ੍ਰਦੇਸ਼ ਦੇ ਸ਼੍ਰੀਹਰੀਕੋਟਾ ਸਥਿਤ ਸਤੀਸ਼ ਧਵਨ ਪੁਲਾੜ ਕੇਂਦਰ ਤੋਂ ਛਡਿਆ ਗਿਆ । CMS-03 ਇੱਕ ਮਲਟੀ-ਬੈਂਡ ਫੌਜੀ ਸੰਚਾਰ ਉਪਗ੍ਰਹਿ ਏ, ਜਿਸਨੂੰ GSAT-7R ਵੀ ਕਿਹਾ ਜਾਂਦਾ ਏ। ਇਸਨੂੰ ਦੇਸ਼ ਦੇ ਸਭ ਤੋਂ ਸ਼ਕਤੀਸ਼ਾਲੀ ਰਾਕੇਟ, ਪੁਲਾੜ ਵਾਹਨ ਮਾਰਕ-3 ਤੋਂ ਛਡਿਆ ਗਿਆ । ISRO ਦੇ ਚੇਅਰਮੈਨ ਡਾਕਟਰ ਵੀ. ਨਾਰਾਇਣਨ ਨੇ ਸਾਰਿਆਂ ਨੂੰ ਵਧਾਈ ਦਿੰਦਿਆਂ ਕਿਹਾ BYTE:

ਇਹ ਉਪਗ੍ਰਹਿ, ਭਾਰਤੀ ਜ਼ਮੀਨ ਅਤੇ ਸਮੁੰਦਰੀ ਖੇਤਰ ਵਿੱਚ ਵਿਆਪਕ ਸੇਵਾਵਾਂ ਪ੍ਰਦਾਨ ਕਰੇਗਾ. LVM-3 ਰਾਕੇਟ ਭਾਰਤ ਦਾ ਸਭ ਤੋਂ ਭਾਰੀ ਪੁਲਾੜ ਵਾਹਨ ਏ ਅਤੇ 4 ਹਜ਼ਾਰ ਕਿਲੋਗ੍ਰਾਮ ਤੱਕ ਦਾ ਪੇਲੋਡ ਲੈ ਜਾ ਸਕਦਾ ਏ । ਇਸਨੇ ਚੰਦਰਯਾਨ-3 ਵਰਗੇ ਚੰਦਰ ਮਿਸ਼ਨਾਂ ਨੂੰ ਸਫਲਤਾ ਨਾਲ ਛਡਿਆ ਏ, ਜਿਸ ਨਾਲ ਭਾਰਤ ਚੰਦਰਮਾ ਦੇ ਦੱਖਣੀ ਧਰੁਵ ਦੇ ਨੇੜੇ ਸਫਲਤਾ ਨਾਲ ਉਤਰਨ ਵਾਲਾ ਪਹਿਲਾ ਦੇਸ਼ ਬਣ ਗਿਆ ਏ. CMS-03 ਉਪਗ੍ਰਹਿ ਸਮੁੰਦਰੀ ਫੌਜ ਲਈ ਸੰਪਰਕ ਨੂੰ ਵਧਾਏਗਾ ਅਤੇ ਉੱਚ-ਸਮਰੱਥਾ ਵਾਲੀ ਬੈਂਡਵਿਡਥ ਵੀ ਪ੍ਰਦਾਨ ਕਰੇਗਾ, ਜਿਸ ਨਾਲ ਦੂਰ-ਦੁਰਾਡੇ ਦੇ ਖੇਤਰਾਂ ਤੱਕ ਡਿਜੀਟਲ ਪਹੁੰਚ ਵਿੱਚ ਸੁਧਾਰ ਹੋਵੇਗਾ।

---------------------------------------------------------------

ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ ਸਵੇਰੇ ਅਖ਼ਬਾਰ ਲੈ ਕੇ ਜਾਣ ਵਾਲੇ ਵਾਹਨਾਂ ਦੀ ਪੁਲਿਸ ਵੱਲੋਂ ਸਖ਼ਤ ਜਾਂਚ ਕੀਤੇ ਜਾਣ ਕਾਰਨ ਕਈ ਅਖ਼ਬਾਰਾਂ ਦੀ ਵੰਡ ਵਿੱਚ ਦੇਰੀ ਹੋਈ। ਵਿਰੋਧੀ ਪਾਰਟੀਆਂ ਦੇ ਵੱਖ-ਵੱਖ ਰਾਜਨੀਤਿਕ ਨੇਤਾਵਾਂ ਵੱਲੋਂ ਇਹ ਇਲਜ਼ਾਮ ਲਗਾਇਆ ਜਾ ਰਿਹਾ ਏ ਕਿ ਸਰਕਾਰ ਨੇ ਕਥਿਤ ਤੌਰ 'ਤੇ ਕੁਝ ਖਾਸ ਖ਼ਬਰਾਂ ਨੂੰ ਲੋਕਾਂ ਤੱਕ ਪਹੁੰਚਣ ਤੋਂ ਰੋਕਣ ਲਈ ਛਾਪੇਮਾਰੀ ਕੀਤੀ ਏ ਅਤੇ ਰਾਜ ਭਰ ਵਿੱਚ ਅਖ਼ਬਾਰਾਂ ਦੀ ਵੰਡ ਨੂੰ ਰੋਕ ਦਿੱਤਾ ਏ। ਇਸ ਪੁਲਿਸ ਕਾਰਵਾਈ ਦੀ ਰਾਜਨੀਤਿਕ ਨੇਤਾਵਾਂ ਅਤੇ ਚੰਡੀਗੜ੍ਹ ਪ੍ਰੈਸ ਕਲੱਬ ਵੱਲੋਂ ਵੀ ਨਿੰਦਾ ਕੀਤੀ ਗਈ ਏ। ਪੰਜਾਬ BJP ਨੇ ਇਸਨੂੰ ਕੇਜਰੀਵਾਲ-ਮਾਨ ਸਰਕਾਰ ਦੁਆਰਾ ਲਗਾਈ ਗਈ ਇੱਕ ਅਣਐਲਾਨੀ ਐਮਰਜੈਂਸੀ ਕਰਾਰ ਦਿੱਤਾ ਏ। ਇਸ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ, ਪਾਰਟੀ ਨੇ ਕਿਹਾ ਕਿ ਪੰਜਾਬ ਤਾਨਾਸ਼ਾਹੀ ਅੱਗੇ ਨਹੀਂ ਝੁਕੇਗਾ। ਸੱਚ ਦੀ ਆਵਾਜ਼ ਨੂੰ ਕੋਈ ਵੀ ਦਬਾ ਨਹੀਂ ਸਕਦਾ। ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਏ ਕਿ ਪੰਜਾਬ ਭਰ ਵਿੱਚ ਅਖ਼ਬਾਰ ਵੰਡਨ ਵਾਲੀਆਂ ਵੈਨਾਂ 'ਤੇ ਛਾਪੇ, ਪ੍ਰੈਸ ਦੀ ਆਜ਼ਾਦੀ 'ਤੇ ਇੱਕ ਭਿਆਨਕ ਹਮਲਾ ਏ।ਪਠਾਨਕੋਟ ਤੋਂ BJP ਵਿਧਾਇਕ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਐਮਰਜੈਂਸੀ ਲਗਾਏ ਜਾਣ ਤੋਂ ਬਾਅਦ ਇਹ

ਪਹਿਲੀ ਵਾਰ ਏ  ਕਿ ਪੰਜਾਬ ਵਿੱਚ ਮੀਡੀਆ ਨੂੰ ਛਪ ਕਰਾਉਣ ਅਤੇ ਡਰਾਉਣ ਦੀ ਕੋਸ਼ਿਸ਼ ਕੀਤੀ ਗਈ ਏ। ਉਨ੍ਹਾਂ ਨੇ ਇਸਨੂੰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲਗਾਈ ਗਈ ਅਣਐਲਾਨੀ ਐਮਰਜੈਂਸੀ ਕਰਾਰ ਦਿੱਤਾ। ਜਲੰਧਰ ਛਾਉਣੀ ਤੋਂ ਕਾਂਗਰਸ ਵਿਧਾਇਕ ਪ੍ਰਗਟ ਸਿੰਘ ਨੇ ਇਸ ਕਾਰਵਾਈ ਨੂੰ ਪੰਜਾਬ ਵਿੱਚ ਪ੍ਰੈਸ ਦੀ ਆਜ਼ਾਦੀ 'ਤੇ ਸਿੱਧਾ ਹਮਲਾ ਕਰਾਰ ਦਿੱਤਾ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੇ ਵੀ ਇਸ ਕਾਰਵਾਈ ਦੀ ਨਿੰਦਾ ਕੀਤੀ ਅਤੇ ਕਿਹਾ ਏ  ਕਿ ਪਾਰਟੀ ਮੀਡੀਆ ਦੀ ਆਜ਼ਾਦੀ ਦੇ ਹੱਕ ਵਿੱਚ ਏ। ਚੰਡੀਗੜ੍ਹ ਪ੍ਰੈਸ ਕਲੱਬ ਨੇ ਇੱਕ ਪ੍ਰੈਸ ਬਿਆਨ ਵਿੱਚ ਪੁਲਿਸ ਦੀ ਕਾਰਵਾਈ ਦੀ ਸਖ਼ਤ ਨਿੰਦਾ ਕੀਤੀ ਏ ਅਤੇ ਪੰਜਾਬ ਸਰਕਾਰ ਨੂੰ ਤੁਰੰਤ ਦਖਲ ਦੇਣ, ਅਖ਼ਬਾਰਾਂ ਦੀ ਬੇਰੋਕ ਵੰਡ ਨੂੰ ਯਕੀਨੀ ਬਣਾਉਣ ਅਤੇ ਪ੍ਰੈਸ ਦੀ ਆਜ਼ਾਦੀ ਦੇ ਮੌਲਿਕ ਅਧਿਕਾਰ ਨੂੰ ਬਰਕਰਾਰ ਰੱਖਣ ਦੀ ਅਪੀਲ ਕੀਤੀ ਏ। ਇਸ ਦੌਰਾਨ, ਪੰਜਾਬ ਪੁਲਿਸ ਨੇ ਕਿਹਾ ਏ ਕਿ ਇਸਨੇ ਖਾਸ ਖੁਫੀਆ ਸੂਹ ਦੇ ਆਧਾਰ 'ਤੇ ਵੱਖ-ਵੱਖ ਕਿਸਮਾਂ ਦੇ ਸਮਾਨ ਲਿਜਾਣ ਵਾਲੇ ਵਾਹਨਾਂ, ਖਾਸ ਕਰਕੇ ਵਪਾਰਕ ਵਾਹਨਾਂ ਦੀ ਜਾਂਚ ਕੀਤੀ ਏ। ਪੰਜਾਬ ਪੁਲਿਸ ਦੇ ਬੁਲਾਰੇ ਨੇ ਕਿਹਾ ਕਿ 'ਆਪ੍ਰੇਸ਼ਨ ਸਿੰਦੂਰ' ਤੋਂ ਬਾਅਦ ਸਰਹੱਦ ਪਾਰ ਤੋਂ ਦੇਸ਼ ਵਿਰੋਧੀ ਤਾਕਤਾਂ, ਆਪਣੇ ਢੰਗ-ਤਰੀਕੇ ਬਦਲ ਰਹੇ ਨੇ  ਅਤੇ ਉਨ੍ਹਾਂ ਦੀਆਂ ਗਤੀਵਿਧੀਆਂ ਵਿੱਚ ਵਾਧਾ ਹੋਇਆ ਏ। ਉਨ੍ਹਾਂ ਕਿਹਾ ਕਿ

ਸੂਬਾ ਪੁਲਿਸ ਨਾਗਰਿਕਾਂ ਪ੍ਰਤੀ ਆਪਣੇ ਫਰਜ਼ਾਂ ਪ੍ਰਤੀ ਬਹੁਤ ਸੁਚੇਤ ਏ ਅਤੇ ਇਸ ਤੱਥ ਪ੍ਰਤੀ ਵੀ ਸੁਚੇਤ ਏ ਕਿ ਆਮ ਸੁਰੱਖਿਆ ਉਪਾਅ ਇਸ ਤਰੀਕੇ ਨਾਲ ਕੀਤੇ ਜਾਣੇ ਚਾਹੀਦੇ ਹਨ ਜਿਸ ਨਾਲ ਜਨਤਾ ਨੂੰ ਘੱਟੋ-ਘੱਟ ਅਸੁਵਿਧਾ ਹੋਵੇ।

---------------------------------------------------------------------

ਸੇਖੋਂ ਭਾਰਤੀ ਹਵਾਈ ਫੌਜ ਮੈਰਾਥਨ 2025 ਦਾ ਪਹਿਲਾ ਸੰਸਕਰਣ, ਹਵਾਈ ਫੌਜ ਦੇ ਸਾਰੇ ਸਟੇਸ਼ਨਾਂ 'ਤੇ ਆਯੋਜਿਤ ਕੀਤਾ ਗਿਆ । ਬੇਸ ਰਿਪੇਅਰ ਡਿਪੂ, ਚੰਡੀਗੜ੍ਹ ਨੇ ਵੀ ਇਸ ਮੌਕੇ ਪ੍ਰੋਗਰਾਮ ਕਰਵਾਇਆ । ਇਸ ਦਾ ਉਦੇਸ਼ ਭਾਰਤੀ ਹਵਾਈ ਫੌਜ ਦੀ 93ਵੀਂ ਵਰ੍ਹੇਗੰਢ ਮਨਾਉਣਾ ਅਤੇ ਫਲਾਇੰਗ ਅਫਸਰ ਨਿਰਮਲ ਜੀਤ ਸਿੰਘ ਸੇਖੋਂ ਨੂੰ ਸ਼ਰਧਾਂਜਲੀ ਦੇਣਾ ਸੀ। ਸੇਖੋਂ ਭਾਰਤੀ ਹਵਾਈ ਫੌਜ ਮੈਰਾਥਨ, ਫਲਾਇੰਗ ਅਫਸਰ ਨਿਰਮਲ ਜੀਤ ਸਿੰਘ ਸੇਖੋਂ ਨੂੰ ਸ਼ਰਧਾਂਜਲੀ ਏ , ਜਿਨ੍ਹਾਂ ਨੂੰ 1971 ਦੀ ਭਾਰਤ-ਪਾਕਿਸਤਾਨ ਜੰਗ ਦੌਰਾਨ ਉਨ੍ਹਾਂ ਦੀ ਬੇਮਿਸਾਲ ਹਿੰਮਤ ਲਈ 'ਪਰਮਵੀਰ ਚੱਕਰ ਨਾਲ ਨਿਵਾਜ਼ਿਆ ਗਿਆ । ਇਹ ਮੈਰਾਥਨ ਦੇਸ਼ ਭਰ ਵਿੱਚ ਤੰਦਰੁਸਤੀ ਅਤੇ ਏਕਤਾ ਨੂੰ ਉਤਸ਼ਾਹਿਤ ਕਰਦੇ ਹੋਏ ਭਾਰਤੀ ਹਵਾਈ ਸੈਨਾ ਦੀ ਬਹਾਦਰੀ, ਅਨੁਸ਼ਾਸਨ ਅਤੇ ਭਾਵਨਾ ਦਾ ਜਸ਼ਨ ਮਨਾਉਂਦੀ ਏ । ਏਅਰ ਕਮਾਂਡਰ ਨਿਪੁਣ ਗੁਪਤਾ ਨੇ ਮੈਰਾਥਨ ਨੂੰ ਰਵਾਨਾ ਕੀਤਾ । ਹਵਾਈ ਸੈਨਾ ਦੇ

ਜਵਾਨ, ਉਨ੍ਹਾਂ ਦੇ ਪਰਿਵਾਰਕ ਮੈਂਬਰ ਅਤੇ ਚੰਡੀਗੜ੍ਹ ਤੇ ਨੇੜਲੇ ਖੇਤਰਾਂ ਦੇ ਹਰ ਉਮਰ ਦੇ ਨਾਗਰਿਕ ਸਮੇਤ ਲਗਭਗ 550 ਭਾਗੀਦਾਰਾਂ ਨੇ 5 ਕਿਲੋਮੀਟਰ, 10 ਕਿਲੋਮੀਟਰ ਅਤੇ 21 ਕਿਲੋਮੀਟਰ ਸ਼੍ਰੇਣੀ ਦੀ ਦੌੜ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ-ਭਾਵਨਾ ਨਾਲ ਵੱਡੇ ਪੱਧਰ ‘ਤੇ ਮਨਾਇਆ ਜਾ ਰਿਹਾ ਏ । ਇਸੇ ਲੜੀ ਤਹਿਤ ਗੁਰੂ ਸਾਹਿਬ ਨਾਲ ਜੁੜੇ ਇਤਿਹਾਸ ਨੂੰ ਦਰਸਾਉਣ ਲਈ 4 ਨਵੰਬਰ ਤੋਂ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਸ਼ੁਰੂ ਹੋਣ ਜਾ ਰਹੇ ਨੇ । ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ 4 ਨਵੰਬਰ ਨੂੰ ਪਠਾਨਕੋਟ ਦੇ ਲਮੀਨੀ ਸਟੇਡੀਅਮ, ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ, ਰੂਪਨਗਰ ਦੇ ਚਰਨ ਗੰਗਾ ਸਟੇਡੀਅਮ, ਪਟਿਆਲਾ ਦੇ ਪੋਲੋ ਗਰਾਊਂਡ ਅਤੇ ਫਤਹਿਗੜ੍ਹ ਸਾਹਿਬ ਦੇ ਖੇਡ ਸਟੇਡੀਅਮ ਮਾਧੋਪੁਰ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਦੀ ਸ਼ੁਰੂਆਤ ਹੋਵੇਗੀ, ਜਿਸ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਲਾਈਟ ਐਂਡ ਸਾਊਂਡ ਸ਼ੋਅ 20 ਨਵੰਬਰ ਤੱਕ ਸੂਬੇ ਦੇ

ਸਾਰੇ ਜ਼ਿਲ੍ਹਿਆਂ ਵਿੱਚ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਰਾਹੀਂ ਗੁਰੂ ਤੇਗ ਬਹਾਦਰ ਜੀ ਦੇ ਸਮੁੱਚੇ ਜੀਵਨ, ਫ਼ਲਸਫ਼ੇ ਅਤੇ ਧਰਮ ਦੀ ਰੱਖਿਆ ਲਈ ਉਨ੍ਹਾਂ ਵੱਲੋਂ ਦਿੱਤੀ ਗਈ ਮਹਾਨ ਕੁਰਬਾਨੀ ਨੂੰ ਦਰਸਾਇਆ ਜਾਵੇਗਾ ਤਾਂ ਜੋ ਸਾਡੀ ਮੌਜੂਦਾ ਪੀੜੀ ਇਸ ਮਹਾਨ ਇਤਿਹਾਸ ਬਾਰੇ ਜਾਣੂੰ ਹੋ ਸਕੇ। ਉਨ੍ਹਾਂ ਸੰਗਤ ਨੂੰ ਇਨ੍ਹਾਂ ਲਾਈਟ ਐਂਡ ਸਾਊਂਡ ਸ਼ੋਅ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਕੇ ਇਤਿਹਾਸਿਕ ਪਲਾਂ ਦੇ ਗਵਾਹ ਬਣਨ ਦੀ ਅਪੀਲ ਕੀਤੀ।

-----------------------------------------------------------------------

ਪੰਜਾਬ ਸਰਕਾਰ ਨੇ ਹੁਣ ਤੱਕ ਆਪਣੇ ਪ੍ਰਮੁੱਖ ਪ੍ਰੋਜੈਕਟ ਜੀਵਨਜੋਤ ਤਹਿਤ 704 ਬੱਚਿਆਂ ਨੂੰ ਬਾਲ ਭੀਖ ਮੰਗਣ ਵਾਲਿਆਂ ਤੋਂ ਬਚਾਇਆ ਏ,ਜੋ ਸੂਬੇ ਦੇ ਹਰ ਬੱਚੇ ਦੇ ਮੁੜ ਵਸੇਬੇ , ਸੁਰੱਖਿਆ ਅਤੇ ਸਨਮਾਨਜਨਕ ਜੀਵਨ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੇ ਗਏ ਨੇ । ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪ੍ਰੋਜੈਕਟ ਜੀਵਨਜੋਤ, ਜੁਲਾਈ 2024 ਤੋਂ ਪੰਜਾਬ ਭਰ ਵਿੱਚ ਲਾਗੂ ਕੀਤਾ ਹੋਇਆ ਏ । ਭੀਖ ਮੰਗਣ ਤੋਂ ਬਚਾਏ ਗਏ ਬੱਚਿਆਂ ਦਾ ਉਨ੍ਹਾਂ ਦੀ ਉਮਰ, ਯੋਗਤਾ ਅਤੇ ਦਸਤਾਵੇਜ਼ਾਂ ਦੀ ਉਪਲਬਧਤਾ ਦੇ ਅਨੁਸਾਰ ਵੱਖ-ਵੱਖ ਭਲਾਈ ਸਕੀਮਾਂ ਰਾਹੀਂ ਮੁੜ ਵਸੇਬਾ ਕੀਤਾ ਜਾ ਰਿਹਾ ਏ । ਸ਼ੋਸ਼ਣ ਵਿਰੁੱਧ ਸਰਕਾਰ ਦੇ ਦ੍ਰਿੜ ਰੁਖ਼

ਨੂੰ ਉਜਾਗਰ ਕਰਦੇ ਹੋਏ, ਡਾ. ਬਲਜੀਤ ਕੌਰ ਨੇ ਕਿਹਾ ਕਿ ਮਨੁੱਖੀ ਤਸਕਰੀ ਅਤੇ ਸੰਗਠਿਤ ਭੀਖ ਮੰਗਣ ਵਾਲੇ ਰੈਕੇਟਾਂ ਨੂੰ ਰੋਕਣ ਲਈ ਰਾਜ ਸਰਕਾਰ ਨੇ ਪ੍ਰੋਜੈਕਟ ਜੀਵਨਜੋਤ ਸ਼ੁਰੂ ਕੀਤਾ ਏ । ਇਸ ਪਹਿਲਕਦਮੀ ਦੇ ਤਹਿਤ, ਬਚਾਏ ਗਏ ਬੱਚਿਆਂ ਅਤੇ ਉਨ੍ਹਾਂ ਦੇ ਨਾਲ ਆਉਣ ਵਾਲੇ ਬਾਲਗਾਂ ਦੇ ਸਬੰਧਾਂ ਦੀ ਪੁਸ਼ਟੀ ਕਰਨ ਲਈ ਡੀ.ਐਨ.ਏ ਟੈਸਟ ਕੀਤੇ ਜਾਂਦੇ ਹਨ। ਜੇਕਰ ਡੀ.ਐਨ.ਏ ਨਤੀਜੇ ਮੇਲ ਨਹੀਂ ਖਾਂਦੇ, ਤਾਂ ਅਪਰਾਧੀਆਂ ਵਿਰੁੱਧ ਮਾਮਲਾ ਦਰਜ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

----------------------------------------------------------------------

ਗੁਰਦਾਸਪੁਰ ਪੁਲਿਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ ਦਹਿਸ਼ਤਗਰਦੀ ਸੰਗਠਨ ਨਾਲ ਸਬੰਧਤ ਕੱਟੜਪੰਥੀ ਗੈਂਗਸਟਰ ਗੁਰਦੇਵ ਜੱਸਲ ਅਤੇ ਗੁਰਲਾਲ ਉਰਫ਼ ਗੁੱਲੂ ਦੇ ਦੋ ਹੋਰ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਅਣਚਲੇ ਕਾਰਤੂਸ ਅਤੇ ਮੈਗਜ਼ੀਨਾਂ ਸਮੇਤ ਬਰਾਮਦ ਤਿੰਨ ਪਿਸਤੌਲ ਬਰਾਮਦ ਕੀਤੇ ਨੇ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਨਵਾਂਸ਼ਹਿਰ ਦੇ ਬੈਂਸ ਵਾਸੀ ਲਵਦੀਪ ਸਿੰਘ ਉਰਫ਼ ਲਵ ਅਤੇ ਐਸ.ਬੀ.ਐਸ ਨਗਰ ਦੇ ਪਿੰਡ ਬੀਸਲਾ ਵਾਸੀ ਟੇਕ ਚੰਦ ਉਰਫ਼ ਟਿੰਕੂ ਵਜੋਂ ਹੋਈ ਏ । ਗੌਰਵ ਯਾਦਵ ਨੇ ਕਿਹਾ ਕਿ

ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਦੋਵਾਂ ਮੁਲਜ਼ਮਾਂ ਨੂੰ ਵਿਦੇਸ਼ਾਂ ਵਿੱਚ ਉਨ੍ਹਾਂ ਦੇ ਸੰਚਾਲਕਾਂ ਵੱਲੋਂ ਪੰਜਾਬ ਵਿੱਚ ਦਹਿਸ਼ਤ ਅਤੇ ਅਸ਼ਾਂਤੀ ਫੈਲਾਉਣ ਦੀ ਇੱਕ ਵੱਡੀ ਸਾਜ਼ਿਸ਼ ਤਹਿਤ ਵਿਰੋਧੀ ਗੈਂਗ ਦੇ ਮੈਂਬਰਾਂ ਦੀ ਮਿਥ ਕੇ ਕਤਲ ਕਰਨ ਦਾ ਕੰਮ ਸੌਂਪਿਆ ਸੀ। ਡੀ.ਜੀ.ਪੀ ਨੇ ਕਿਹਾ ਕਿ ਸਮੁੱਚੇ ਨੈੱਟਵਰਕ ਦੇ ਖ਼ਾਤਮੇ ਲਈ ਇਸ ਮਾਮਲੇ ਵਿੱਚ ਅਗਲੇਰੀ ਜਾਂਚ ਕੀਤੀ ਜਾ ਰਹੀ ਏ ।

---------------------------------------------------------------------

ਭਾਰਤ ਅਤੇ ਆਸਟ੍ਰੇਲੀਆ ਵਿਚਕਾਰ ਪੰਜ ਮੈਚਾਂ ਦੀ twenty-twenty ਲੜੀ ਦੇ ਤੀਜੇ ਮੈਚ ਵਿੱਚ ਭਾਰਤ ਨੇ ਆਸਟ੍ਰੇਲੀਆ ਨੂੰ ਪੰਜ ਵਿਕਟਾਂ ਨਾਲ ਹਰਾਇਆ । ਆਸਟ੍ਰੇਲੀਆ ਨੇ 187 ਦੌੜਾਂ ਦਾ ਟੀਚਾ ਰੱਖਿਆ, ਜਿਸ ਨੂੰ ਮੇਜ਼ਬਾਨ ਟੀਮ ਨੇ 18 ਓਵਰਾਂ ਅਤੇ ਤਿੰਨ ਗੇਂਦਾਂ ਵਿੱਚ 188 ਦੌੜਾਂ ਬਣਾ ਕੇ ਪ੍ਰਾਪਤ ਕੀਤਾ। ਅਰਸ਼ਦੀਪ ਨੇ ਟੀਮ ਲਈ ਸ਼ਾਨਦਾਰ ਗੇਂਦਬਾਜ਼ੀ ਕੀਤੀ, ਤਿੰਨ ਵਿਕਟਾਂ ਲਈਆਂ ਅਤੇ ਉਨ੍ਹਾਂ ਨੂੰ 'ਪਲੇਅਰ ਆਫ ਦਿ ਮੈਚ' ਚੁਣਿਆ ਗਿਆ। ਵਾਸ਼ਿੰਗਟਨ ਸੁੰਦਰ ਨੇ 23 ਗੇਂਦਾਂ ਵਿੱਚ 49 ਦੌੜਾਂ ਦੀ ਨਾਬਾਦ ਪਾਰੀ ਖੇਡੀ। ਆਸਟ੍ਰੇਲੀਆ ਲਈ, ਟਿਮ ਡੇਵਿਡ ਨੇ ਸਭ ਤੋਂ ਵੱਧ 74 ਦੌੜਾਂ , ਜਦੋਂ ਕਿ ਮਾਰਕਸ ਸਟੋਇਨਿਸ ਨੇ 64 ਦੌੜਾਂ ਬਣਾਈਆਂ।

---------------------------------------------------------------------

ਆਈ.ਸੀ.ਸੀ ਮਹਿਲਾ ਕ੍ਰਿਕਟ ਵਿਸ਼ਵ ਕੱਪ ਦੇ ਫਾਈਨਲ ਵਿੱਚ ਭਾਰਤ ਦਾ ਮੁਕਾਬਲਾ ਅੱਜ ਨਵੀਂ ਮੁੰਬਈ ਦੇ ਡੀ.ਵਾਈ. ਪਾਟਿਲ ਸਟੇਡੀਅਮ ਵਿੱਚ ਦੱਖਣੀ ਅਫਰੀਕਾ ਨਾਲ ਹੋ ਰਿਹਾ ਏ। ਦੱਖਣੀ ਅਫਰੀਕਾ ਨੇ ਟਾਸ ਜਿੱਤ ਕੇ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ। ਆਖਰੀ ਖਬਰਾਂ ਮਿਲਣ ਤੱਕ , ਭਾਰਤ ਨੇ 23 ਓਵਰਾਂ ਵਿੱਚ ਇਕ ਵਿਕਟ 'ਤੇ 138 ਦੌੜਾਂ ਬਣਾਈਆਂ ਨੇ। ਮੈਚ ਮੀਂਹ ਕਾਰਨ ਦੋ ਘੰਟੇ ਦੇਰੀ ਨਾਲ ਸ਼ੁਰੂ ਹੋਇਆ, ਪਰ ਕੋਈ ਓਵਰ ਕਟੌਤੀ ਨਹੀਂ ਕੀਤੀ ਗਈ। ਭਾਰਤ, ਸੈਮੀਫਾਈਨਲ ਵਿੱਚ ਆਸਟ੍ਰੇਲੀਆ ਨੂੰ 5 ਵਿਕਟਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚਿਆ ਸੀ। ਦੂਜੇ ਪਾਸੇ ਦੱਖਣੀ ਅਫਰੀਕਾ ਨੇ ਇੰਗਲੈਂਡ ਨੂੰ 125 ਦੌੜਾਂ ਨਾਲ ਹਰਾ ਕੇ ਫਾਈਨਲ ਵਿੱਚ ਆਪਣੀ ਥਾਂ ਪੱਕੀ ਕੀਤੀ। ਦੋਵੇਂ ਟੀਮਾਂ ਅਜੇ ਤੱਕ ਵਿਸ਼ਵ ਕੱਪ ਦਾ ਖਿਤਾਬ ਨਹੀਂ ਜਿੱਤ ਸਕੀਆਂ ਨੇ। ਭਾਰਤੀ ਟੀਮ ਤੀਜੀ ਵਾਰ ਵਿਸ਼ਵ ਕੱਪ ਫਾਈਨਲ ਖੇਡੇਗੀ, ਜਦੋਂ ਕਿ ਦੱਖਣੀ ਅਫਰੀਕਾ ਦਾ ਇਹ ਪਹਿਲਾ ਵਿਸ਼ਵ ਕੱਪ ਫਾਈਨਲ ਏ।

-----------------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ -ਕਿਹਾ ਇਸ ਲਈ ਮਰਦਾਂ ਅਤੇ ਔਰਤਾਂ ਦੀ ਬਰਾਬਰ ਭਾਗੀਦਾਰੀ ਜ਼ਰੂਰੀ ਏ।

- ਭਾਰਤੀ ਪੁਲਾੜ ਖੋਜ ਸੰਗਠਨ ਨੇ ਅੱਜ ਸ਼ਾਮ ਦੇਸ਼ ਦੇ ਸਭ ਤੋਂ ਭਾਰੀ ਸੰਚਾਰ ਉਪਗ੍ਰਹਿ, CMS-03 ਨੂੰ ਸਫਲਤਾ ਪੂਰਵਕ ਛਡਿਆ I
- ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ ਸਵੇਰੇ ਅਖ਼ਬਾਰ ਲੈ ਕੇ ਜਾਣ ਵਾਲੇ ਵਾਹਨਾਂ ਦੀ ਪੁਲਿਸ ਵੱਲੋਂ ਸਖ਼ਤ ਜਾਂਚ ਕੀਤੇ ਜਾਣ ਦੀ ਵੱਖ-ਵੱਖ ਸਿਆਸੀ ਪਾਰਟੀਆਂ ਨੇ ਸਖ਼ਤ ਨਿੰਦਾ ਕੀਤੀ I
- ਭਾਰਤੀ ਹਵਾਈ ਫੌਜ ਦੇ ਸਾਰੇ ਸਟੇਸ਼ਨਾਂ 'ਤੇ ਸੇਖੋਂ ਭਾਰਤੀ ਹਵਾਈ ਫੌਜ ਮੈਰਾਥਨ 2025 ਦੇ ਪਹਿਲੇ ਸੰਸਕਰਣ ਦਾ ਆਯੋਜਨ I
- ਭਾਰਤ ਅਤੇ ਆਸਟ੍ਰੇਲੀਆ ਵਿਚਕਾਰ ਪੰਜ ਮੈਚਾਂ ਦੀ twenty-twenty ਲੜੀ ਦੇ ਤੀਜੇ ਮੈਚ ਵਿੱਚ ਭਾਰਤ ਨੇ ਆਸਟ੍ਰੇਲੀਆ ਨੂੰ ਪੰਜ ਵਿਕਟਾਂ ਨਾਲ ਹਰਾਇਆ--ਔਰਤਾਂ ਦੇ ICC ਕ੍ਰਿਕੇਟ ਵਿਸ਼ਵ ਕੱਪ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਦੱਖਣੀ ਅਫਰੀਕਾ ਨਾਲ ਜਾਰੀ I

***ਇਸਦੇ ਨਾਲਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !***